ਗੂਜਰੀ ਮਹਲਾ ੫ ॥ ਗੁਰ ਪ੍ਰਸਾਦੀ ਪ੍ਰਭੁ ਧਿਆਇਆ ਗਈ ਸੰਕਾ ਤੂਟਿ ॥ ਦੁਖ ਅਨੇਰਾ ਭੈ ਬਿਨਾਸੇ ਪਾਪ ਗਏ ਨਿਖੂਟਿ ॥੧॥ ਹਰਿ ਹਰਿ ਨਾਮ ਕੀ ਮਨਿ ਪ੍ਰੀਤਿ ॥ ਮਿਲਿ ਸਾਧ ਬਚਨ ਗੋਬਿੰਦ ਧਿਆਏ ਮਹਾ ਨਿਰਮਲ ਰੀਤਿ ॥੧॥ ਰਹਾਉ ॥ ਜਾਪ ਤਾਪ ਅਨੇਕ ਕਰਣੀ ਸਫਲ ਸਿਮਰਤ ਨਾ ਮ ॥ ਕਰਿ ਅਨੁਗ੍ਰਹੁ ਆਪਿ ਰਾਖੇ ਭਏ ਪੂਰਨ ਕਾਮ ॥੨॥ ਸਾਸਿ ਸਾਸਿ ਨ ਬਿਸਰੁ ਕਬਹੂੰ ਬ੍ਰਹਮ ਪ੍ਰਭ ਸਮਰਥ ॥ ਗੁਣ ਅਨਿਕ ਰਸਨਾ ਕਿਆ ਬਖਾਨੈ ਅਗਨਤ ਸਦਾ ਅਕਥ ॥ ੩॥ ਦੀਨ ਦਰਦ ਨਿਵਾਰਿ ਤਾਰਣ ਦਇਆਲ ਕਿਰਪਾ ਕਰਣ ॥ ਅਟਲ ਪਦਵੀ ਨਾਮ ਸਿਮਰਣ ਦ੍ਰਿੜੁ ਨਾਨਕ ਹਰਿ ਹਰਿ ਸਰਣ ॥੪॥੩॥੨੯॥ {ਪੰਨਾ 502}

ਪਦਅਰਥ:- ਪ੍ਰਸਾਦੀ—ਪ੍ਰਸਾਦਿ, ਕਿਰਪਾ ਨਾਲ। ਸੰਕਾ—ਸ਼ੱਕ, ਭਟਕਣਾ। ਨਿਖੂਟਿ ਗਏ—ਮੁੱਕ ਗਏ।1।

ਮਨਿ—ਮਨ ਵਿਚ। ਸਾਧ—ਗੁਰੂ। ਰੀਤਿ—ਜੀਵਨ-ਜੁਗਤਿ। ਨਿਰਮਲ—ਪਵਿਤ੍ਰ।1। ਰਹਾਉ।

ਅਨੁਗ੍ਰਹੁ—ਦਇਆ। ਕਰਿ—ਕਰ ਕੇ।2।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਰਸਨਾ—ਜੀਭ। ਬਖਾਨੈ—ਦੱਸੇ।3।

ਨਿਵਾਰਿ—ਦੂਰ ਕਰ ਕੇ। ਪਦਵੀ—ਦਰਜਾ।4।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਨਾਮ ਦਾ ਪਿਆਰ ਪੈਦਾ ਹੋ ਜਾਂਦਾ ਹੈ, ਜੇਹੜਾ ਮਨੁੱਖ ਗੁਰੂ ਨੂੰ ਮਿਲ ਕੇ ਗੁਰੂ ਦੀ ਬਾਣੀ ਦੀ ਰਾਹੀਂ ਗੋਬਿੰਦ ਦਾ ਧਿਆਨ ਧਰਦਾ ਹੈ, ਉਸ ਦੀ ਜੀਵਨ-ਜੁਗਤਿ ਬਹੁਤ ਪਵਿਤ੍ਰ ਹੋ ਜਾਂਦੀ ਹੈ।1। ਰਹਾਉ।

(ਹੇ ਭਾਈ!) ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਆਪਣੇ ਹਿਰਦੇ ਵਿਚ ਪਰਮਾਤਮਾ ਦਾ ਧਿਆਨ ਧਰਿਆ (ਉਸ ਦੇ ਅੰਦਰੋਂ) ਡੱਕੇ-ਡੋਲੇ ਖ਼ਤਮ ਹੋ ਗਏ, ਉਸ ਦੇ ਸਾਰੇ ਦੁੱਖ, ਉਸ ਦਾ ਮਾਇਆ ਦੇ ਮੋਹ ਦਾ ਹਨੇਰਾ, ਉਸ ਦੇ ਸਾਰੇ ਡਰ ਦੂਰ ਹੋ ਗਏ, ਉਸ ਦੇ ਸਾਰੇ ਪਾਪ ਮੁੱਕ ਗਏ।1।

(ਹੇ ਭਾਈ! ਜੀਵਨ ਵਿਚ ਸਫਲਤਾ ਦੇਣ ਵਾਲਾ ਹਰਿ-ਨਾਮ ਹੀ ਹੈ) ਜੀਵਨ-ਸਫਲਤਾ ਦੇਣ ਵਾਲਾ ਪ੍ਰਭੂ-ਨਾਮ ਸਿਮਰਦਿਆਂ ਸਾਰੇ ਜਪ ਤਪ ਤੇ ਅਨੇਕਾਂ ਹੀ ਮਿਥੇ ਹੋਏ ਧਾਰਮਿਕ ਕੰਮ ਵਿਚੇ ਹੀ ਆ ਗਏ (ਇਹਨਾਂ ਦੀ ਲੋੜ ਨਹੀਂ ਪੈਂਦੀ। ਸਭਨਾਂ ਤੋਂ ਸ੍ਰੇਸ਼ਟ ਨਾਮ-ਸਿਮਰਨ ਹੀ ਹੈ)। ਹੇ ਭਾਈ! ਪਰਮਾਤਮਾ ਮੇਹਰ ਕਰ ਕੇ ਜਿਨ੍ਹਾਂ ਮਨੁੱਖਾਂ ਨੂੰ (ਆਪਣੇ ਚਰਨਾਂ ਵਿਚ ਟਿਕਾਈ) ਰੱਖਦਾ ਹੈ ਉਹਨਾਂ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ।2।

ਹੇ ਭਾਈ! ਆਪਣੇ ਹਰੇਕ ਸਾਹ ਦੇ ਨਾਲ ਸਮਰੱਥ ਬ੍ਰਹਮ ਪਰਮਾਤਮਾ ਨੂੰ ਯਾਦ ਕਰਦਾ ਰਹੁ, ਉਸ ਨੂੰ ਕਦੇ ਨਾਹ ਵਿਸਾਰ। ਉਸ ਪਰਮਾਤਮਾ ਦੇ ਬੇਅੰਤ ਗੁਣ ਹਨ, ਗਿਣੇ ਨਹੀਂ ਜਾ ਸਕਦੇ, ਮਨੁੱਖ ਦੀ ਜੀਭ ਉਹਨਾਂ ਨੂੰ ਬਿਆਨ ਨਹੀਂ ਕਰ ਸਕਦੀ। ਉਸ ਪਰਮਾਤਮਾ ਦਾ ਸਰੂਪ ਸਦਾ ਹੀ ਬਿਆਨ ਤੋਂ ਪਰੇ ਹੈ।3।

ਹੇ ਭਾਈ! ਪਰਮਾਤਮਾ ਗ਼ਰੀਬਾਂ ਦੇ ਦੁੱਖ ਦੂਰ ਕਰ ਕੇ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੇ ਸਮਰੱਥ ਹੈ, ਦਇਆ ਦਾ ਘਰ ਹੈ, ਉਹ ਹਰੇਕ ਉੱਤੇ ਕਿਰਪਾ ਕਰਨ ਵਾਲਾ ਹੈ, ਉਸ ਦਾ ਨਾਮ ਸਿਮਰਿਆਂ ਅਟੱਲ ਆਤਮਕ ਜੀਵਨ ਦਾ ਦਰਜਾ ਮਿਲ ਜਾਂਦਾ ਹੈ। ਹੇ ਨਾਨਕ! (ਆਖ—ਹੇ ਭਾਈ!) ਹਰਿ-ਨਾਮ ਨੂੰ ਆਪਣੇ ਹਿਰਦੇ ਵਿਚ ਪੱਕਾ ਟਿਕਾਈ ਰੱਖ, ਪਰਮਾਤਮਾ ਦੀ ਸਰਨ ਪਿਆ ਰਹੁ।4।3। 29।